# ਡਾਇਰੈਕਟਰ,ਤਕਨੀਕੀ ਸਿਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ ਪੰਜਾਬ।

## ਜਨਤਕ ਸੂਚਨਾ

ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਅਧੀਨ ਯੋਗ ਐਸ.ਸੀ. ਵਿਦਿਆਰਥੀਆਂ ਦੇ ਡਿਗਰੀ/ਸਰਟੀਫਿਕੇਟ ਨਾ ਰੋਕਣ ਸਬੰਧੀ।

ਉਪਰੋਕਤ ਵਿਸ਼ੇ ਦੇ ਸਬੰਧ ਵਿਚ ਤਕਨੀਕੀ ਸਿਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ ਅਧੀਨ ਪੰਜਾਬ ਦੀਆਂ ਸਮੂਹ ਵਿਦਿਅਕ ਸੰਸਥਾਵਾਂ ਦਾ ਧਿਆਨ ਡਾਇਰੈਕਟੋਰੇਟ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ ਦੇ ਪੱਤਰ ਨੰ: 408814/2022 ਮਿਤੀ 12-8-2022 ਅਤੇ ਵਿਭਾਗ ਦੇ ਪੱਤਰ ਨੰ: 412205 ਮਿਤੀ: 22.08.2022 ਪੱਤਰ ਨੰ: 1/408962/ 2022 ਮਿਤੀ 12.8.2022 ਵੱਲ ਦਿਵਾਉਂਦੇ ਹੋਏ ਹਦਾਇਤ ਕੀਤੀ ਜਾਂਦੀ ਹੈ ਕਿ ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਅਧੀਨ ਦਾਖਲ ਹੋਏ ਕਿਸੇ ਵੀ ਯੋਗ ਐਸ.ਸੀ. ਵਿਦਿਆਰਥੀ ਦੇ ਸਰਟੀਫਿਕੇਟ/ਡਿਗਰੀ/ਮਾਰਕਸ਼ੀਟ ਕਿਸੇ ਵੀ ਸੂਰਤ ਵਿਚ ਨਾ ਰੋਕੀ ਜਾਵੇ ਅਤੇ ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਸਬੰਧੀ ਮੁਸ਼ਕਿਲਾਂ ਨੂੰ ਮੁੱਖ ਰੱਖਦੇ ਹੋਏ ਵਿਭਾਗ ਅਧੀਨ ਸਮੂਹ ਸੰਸਥਾਵਾਂ ਵਿੱਚ ਫੈਸੀਲੀਟੇਸ਼ਨ ਸੈਂਟਰ ਖੋਲੇ ਹੋਏ ਹਨ ਅਤੇ ਫੈਸੀਲੀਟੇਸ਼ਨ ਸੈਂਟਰਾਂ ਵਿੱਚ ਨੋਡਲ ਅਫਸਰ ਵੀ ਤੈਨਾਤ ਕੀਤੇ ਹੋਏ ਹਨ। ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਤਹਿਤ ਐਸ.ਸੀ ਵਿਦਿਆਰਥੀਆਂ ਦੀਆਂ ਸ਼ਿਕਾਇਤਾ ਦਾ ਨਿਪਟਾਰਾ ਕਰਨ ਲਈ ਵਿਭਾਗ ਅਧੀਨ ਸਮੂਹ ਸੰਸਥਾਵਾਂ ਦੇ ਪ੍ਰਿੰਸੀਪਲ/ਯੂਨੀਵਰਸਿਟੀਆਂ ਦੇ ਰਜਿਸਟਰਾਰ ਜਿਲਾ ਨੋਡਲ ਅਫਸਰ ਨਿਯੁਕਤ ਕੀਤੇ ਗਏ ਹਨ। ਜੇਕਰ ਪੋਸਟ ਮੈਟ੍ਰਿਕ ਸਕਾਲਰਸਿਪ ਸਕੀਮ ਸਬੰਧੀ ਐਸ.ਸੀ. ਵਿਦਿਆਰਥੀਆਂ ਨੂੰ ਕੋਈ ਸ਼ਿਕਾਇਤ ਹੈ ਤਾਂ ਸਬੰਧਤ ਸੰਸਥਾ ਦੇ ਨੋਡਲ ਅਫਸਰ ਨਾਲ ਸਪੰਰਕ ਕੀਤਾ ਜਾਵੇ।

ਮੁੱਖ ਦਫਤਰ ਪੱਧਰ ਤੇ ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਸਬੰਧੀ ਵਿਦਿਆਰਥੀਆਂ ਦੀਆਂ ਸ਼ਿਕਾਇਤਾਂ ਦੇ ਨਿਪਟਾਰੇ ਹਿੱਤ ਵਿਭਾਗ ਦੀ Website dte.punjab.gov.in ਅਤੇ website punjabitis.gov.in ਤੇ ਸੰਪਰਕ ਕੀਤਾ ਜਾ ਸਕਦਾ ਹੈ।

ਜੇਕਰ ਕਿਸੇ ਵੀ ਸੰਸਥਾ ਖਿਲਾਫ ਕੋਈ ਵੀ ਯੋਗ ਵਿਦਿਆਰਥੀਆਂ ਸਬੂਤਾਂ ਸਹਿਤ ਸ਼ਿਕਾਇਤ ਕਰਦਾ ਹੈ, ਤਾਂ ਉਸ ਸੰਸਥਾ ਦੇ ਖਿਲਾਫ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

ਮਿਤੀ:- 07.06.2023

ਡਾਇਰੈਕਟਰ,
ਤਕਨੀਕੀ ਸਿੱਖਿਆ ਅਤੇ ਉਦਯੋਗਿਕ
ਸਿਖਲਾਈ ਵਿਭਾਗ, ਪੰਜਾਬ।

Scanned with CamScanner